**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਇੰਦਰਪਾਲ ਸਿੰਘ, (82888-84774)
ਪੁੱਤਰ ਸ਼੍ਰੀ ਪ੍ਰਿਤਪਾਲ ਸਿੰਘ,
ਵਾਸੀ ਇੰਦਰਜ ਬੇਕਰ, ਨੇੜੇ ਬਸ ਸਟੈਂਡ,ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਟੀ ,ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਟੀ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 1251/2019**

**ਹਾਜ਼ਰ:-** 1) ਸ਼੍ਰੀ ਇੰਦਰਪਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 20-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੰਜਾਬੀ ਯੂਨੀਵਰਸਟੀ ,ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਰੋਲ ਨੰ:32203 ਅਧੀਨ ਦਿੱਤੇ ਗਏ ਐਮ.ਏ. ਇਕਨੋਮਿਕਸ (ਸਿਮੈਸਟਰ-।।।) ਰੀ-ਅਪੀਅਰ (ਡੀ.ਈ.) ਪ੍ਰੀਖਿਆ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 02-04-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 31-05-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-07-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਨੂੰ ਮਿਤੀ 03-01-2019 ਨੂੰ ਸੂਚਿਤ ਕੀਤਾ ਗਿਆ ਸੀ ਕਿ ਉਸ ਵੱਲੋਂ ਮੰਗੀ ਗਈ ਜਾਣਕਾਰੀ ਕਾਰਵਾਈ ਅਧੀਨ ਹੈ ਅਤੇ ਮਿਤੀ 02-04-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:4484/ਐਸ-1/991-18/ਆਰ.ਟੀ.ਆਈ. ਸੈੱਲ, ਮਿਤੀ 21-06-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ 13-12-2018 ਨੂੰ ਅਪੀਲ ਕਰਨ ਤੱਕ ਉੱਤਰਦਾਤਾ ਵੱਲੋਂ ਕੋਈ ਵੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਤਰ੍ਹਾਂ ਅਪੀਲਕਰਤਾ ਵੱਲੋਂ ਕਿਹਾ ਗਿਆ ਹੈ ਸੂਚਨਾ ਅਧੂਰੀ ਅਤੇ ਦੇਰੀ ਨਾਲ ਦੇਣ ਕਾਰਨ ਲੋਕ ਸੂਚਨਾ ਅਧਿਕਾਰੀ ਵਿਰੁੱਧ ਠੋਸ ਕਾਰਵਾਈ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅਪੀਲਕਰਤਾ ਨੂੰ ਸੂਚਨਾ ਦੇਰੀ ਨਾਲ ਦਿੱਤੇ ਜਾਣ ਬਾਰੇ ਸਥਿਤੀ ਸਪੱਸ਼ਟ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 29-07-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਮ ਲਾਲ ਸਿੰਗਲਾ, (99141-33001)
#325, ਗੁਰੂ ਨਾਨਕ ਕਲੋਨੀ, ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੁੱਖ ਕਮਿਸ਼ਨਰ,
ਰਾਜ ਚੋਣ ਕਮਿਸ਼ਨ ਪੰਜਾਬ, ਚੰਡੀਗੜ੍ਹ। --------ਉੱਤਰਦਾਤਾ

**ਅਪੀਲ ਕੇਸ ਨੰ:1309/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੁਪਿੰਦਰ ਸਿੰਘ, ਜੂਨੀਅਰ ਸਹਾਇਕ (84379-51978) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਗੁਰਚਰਨ ਸਿੰਘ, ਸੀਨੀਅਰ ਸਹਾਇਕ(98761-72151)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 02-01-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪੰਚਾਇਤ ਚੋਣਾਂ ਨਵੰਬਰ-ਦਸੰਬਰ,2018 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 03-04-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 31-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣਾ ਐਕਸੀਡੈਂਟ ਹੋ ਜਾਣ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 01-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੁਪਿੰਦਰ ਸਿੰਘ, ਜੂਨੀਅਰ ਸਹਾਇਕ ਨੇ ਪੱਤਰ ਨੰ:ਜਿ:ਪ੍ਰੀ/ਆਰ.ਟੀ.ਆਈ./2018/5297, ਮਿਤੀ 29-01-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕੀਤੀ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 02-01-2019 ਜੋ ਕਿ ਉਨ੍ਹਾਂ ਨੂੰ ਮਿਤੀ 10-01-2019 ਨੂੰ ਪ੍ਰਾਪਤ ਹੋਈ ਸੀ, ਰਾਹੀਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਦੇਣ ਲਈ ਬਣਦੀ ਫੀਸ 32083/-ਰੁਪਏ (ਕੇਵਲ ਬੱਤੀ ਹਜ਼ਾਰ ਤਰਾਸੀ ਰੁਪਏ) ਡਰਾਫਟ ਰਾਹੀਂ ਜਮ੍ਹਾਂ ਕਰਾਉਣ ਵਾਸਤੇ ਅਪੀਲਕਰਤਾ ਨੂੰ ਮਿਤੀ 29-01-2019 ਨੂੰ ਲਿਖਿਆ ਗਿਆ ਸੀ ਪਰੰਤੂ ਅਪੀਲਕਰਤਾ ਵੱਲੋਂ ਅਜੇ ਤੱਕ ਫੀਸ ਜਮ੍ਹਾਂ ਨਹੀਂ ਕਰਵਾਈ ਗਈ ਜਿਸ ਕਾਰਨ ਉਸ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੇਣ ਲਈ ਬਣਦੀ ਫੀਸ ਜਮ੍ਹਾਂ ਕਰਾਉਣ ਵਾਸਤੇ ਨਿਰਧਾਰਿਤ ਸਮੇਂ ਅੰਦਰ ਅਪੀਲਕਰਤਾ ਨੂੰ ਲਿਖਿਆ ਹੋਇਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਾਉਣ ਉਪਰੰਤ ਉਸ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।  ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬੁਢਲਾਡਾ,
ਜ਼ਿਲ੍ਹਾ ਮਾਨਸਾ।  -----ਉੱਤਰਦਾਤਾ

**ਅਪੀਲ ਕੇਸ ਨੰ:1334/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ,ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 31-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 07-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ, ਜ਼ਿਲ੍ਹਾ ਮਾਨਸਾ ਵੱਲੋਂ ਆਪਣੇ ਪੱਤਰ ਨੰ:370/ਆਰ.ਟੀ.ਆਈ., ਮਿਤੀ 14-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:33/ਆਰ.ਟੀ.ਆਈ., ਮਿਤੀ 16-01-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਨਹੀਂ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਦਫ਼ਤਰ ਵਿੱਚ ਸੂਚਨਾ ਉਪਲਬਧ ਨਾ ਹੋਣ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 08 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ,
ਜ਼ਿਲ੍ਹਾ ਮਾਨਸਾ। -----ਉੱਤਰਦਾਤਾ

**ਅਪੀਲ ਕੇਸ ਨੰ:1335/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਸੁਨੀਲ ਕੁਮਾਰ, ਕਲਰਕ (97803-09426)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 31-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਸੁਨੀਲ ਕੁਮਾਰ, ਕਲਰਕ ਨੇ ਪੱਤਰ ਨੰ:128/ਪੇਸ਼ੀ , ਮਿਤੀ 25-03-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਆਰ.ਟੀ.ਆਈ. ਅਰਜ਼ੀ ਦੀ ਕਾਪੀ ਅਤੇ ਮੰਗੀ ਗਈ ਸੂਚਨਾ ਬਾਰੇ ਸਪੱਸ਼ਟੀਕਰਣ ਮੰਗਿਆ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਜਦੋਂ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:113/ਆਰ.ਟੀ.ਆਈ.-11, ਮਿਤੀ 18-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਹੋਈ ਹੈ। ਇਸ ਪੱਤਰ ਦੀ ਕਾਪੀ ਅਪੀਲਕਰਤਾ ਵੱਲੋਂ ਕਮਿਸ਼ਨ ਕੋਲ ਦਾਇਰ ਕੀਤੀ ਗਈ ਅਪੀਲ ਦੇ ਨਾਲ ਵੀ ਭੇਜੀ ਹੋਈ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 07-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਭੇਜੀ ਗਈ ਸੂਚਨਾ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 08 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਆਸ਼ੂ ਮਿਤੱਲ, ਐਡਵੋਕੇਟ,
ਪੁੱਤਰ ਸ਼੍ਰੀ ਖਜ਼ਾਨਚੀ ਲਾਲ,
ਮਾਰਫਤ ਚੈਂਬਰ ਨੰ: 8 (ਪੁਰਾਣਾ),
ਜ਼ਿਲ੍ਹਾ ਅਦਾਲਤਾਂ, ਫਰੀਦਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ ਮੈਡੀਕਲ ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:354/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 11-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ ਮੈਡੀਕਲ ਸਿੱਖਿਆ ਭਵਨ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 19-09-2107 ਨੂੰ ਦਿੱਤੀ ਗਈ ਦਰਖਾਸਤ ਨੰ:51798480218 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-4-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 31-05-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-07-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵਾਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਛਿੰਦਰ ਸਿੰਘ, (99143-82664)
ਪੁੱਤਰ ਸ਼੍ਰੀ ਪ੍ਰੀਤਮ ਸਿੰਘ,
ਵਾਸੀ ਪਿੰਡ ਝੰਡੂਵਾਲ, ਡਾਕਖਾਨਾ ਰਣਜੀਤਗੜ੍ਹ
ਤਹਿਸੀਲ ਗੁਰੂਹਰਸਹਾਏ,
ਜ਼ਿਲ੍ਹਾ ਫਿਰੋਜ਼ਪੁਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ/ਪ੍ਰਧਾਨ,
ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ
ਐਗਰੀਕਲਚਰ ਸੋਸਾਇਟੀ ਲਿਮਟਿਡ,
ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਰਜਿਸਟਰਾਰ,
ਕੋਆਪ੍ਰੇਟਿਵ ਸੋਸਾਇਟੀਜ਼, ਫਿਰੋਜ਼ਪੁਰ।

ਸ਼੍ਰੀ ਰਾਜਪਾਲ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲਾਲਾਬਾਦ,
ਜ਼ਿਲ੍ਹਾ ਫਿਰੋਜ਼ਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:1475/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਰਾਜ ਪਾਲ ਸਿੰਘ, ਸਹਾਇਕ ਰਜਿਸਟਰਾਰ (94179-04070) ਅਤੇ ਸ਼੍ਰੀ ਸੁਰੇਸ਼ ਕੁਮਾਰ, ਸੀਨੀਅਰ ਸਹਾਇਕ (94646-04418)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-10-2017, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲਾਲਾਬਾਦ, ਪੱਛਮੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 29-11-2014 ਤੋਂ 10-10-2017 ਤੱਕ ਕਾਰਵਾਈ ਰਜਿਸਟਰ ਅਤੇ ਟਰੈਕਟਰ ਦੀ ਆਮਦਨ ਅਤੇ ਖਰਚ ਦੇ ਵੇਰਵੇ ਆਦਿ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ ਪਰੰਤੂ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲਾਲਾਬਾਦ ਵੱਲੋ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਆਪਣੇ ਪੱਤਰ, ਮਿਤੀ 14-11-2017 ਰਾਹੀਂ ਆਰ.ਟੀ.ਐਕਟ, 2005 ਦੀ ਧਾਰਾ 6(3) ਤਹਿਤ ਸਕੱਤਰ/ਪ੍ਰਧਾਨ, ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-12-2017 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ_ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 13-08-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 03-06-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਕਿ ਉਸ ਨੂੰ ਅਜੇ ਤੱਕ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸੂਚਨਾ ਪ੍ਰਾਪਤ ਨਹੀਂ ਹੋਈ। ਲੋਕ ਸੂਚਨਾ ਅਧਿਕਾਰੀ, ਦਫਤਰ ਸਕੱਤਰ/ਪ੍ਰਧਾਨ, ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਦੀ ਤਰਫੋਂ ਹਾਜ਼ਰ ਸ਼੍ਰੀ ਹਰਜੋਤ ਸਿੰਘ ਬੇਦੀ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 03-06-2019 ਪੇਸ਼ ਕੀਤਾ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਇਸ ਜਵਾਬ ਰਾਹੀਂ ਉੱਤਰਦਾਤਾ (ਕੋਆਪ੍ਰੇਟਿਵ ਐਗਰੀਕਲਚਰ ਸੁਸਾਇਟੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਕਮਿਸ਼ਨ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਉਨ੍ਹਾਂ ਦੀ ਸੁਸਾਇਟੀ ਇੱਕ ਲੋਕ ਅਥਾਰਟੀ ਨਹੀਂ ਹੈ ਜਿਸ ਕਰਕੇ ਉਹ ਆਰ.ਟੀ.ਆਈ. ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੀ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕੋਈ ਸੂਚਨਾ ਨਹੀਂ ਦੇਣੀ ਬਣਦੀ। ਇਸ ਤਰ੍ਹਾਂ ਉਨ੍ਹਾਂ ਵੱਲੋਂ ਦੱਸਿਆ ਗਿਆ ਸੀ ਕਿ ਇਸ ਕੇਸ ਵਿੱਚ ਜ਼ੋ ਵੀ ਸੂਚਨਾ ਦਿੱਤੀ ਜਾਣੀ ਹੈ ਉਹ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਵੱਲੋਂ ਦਿੱਤੀ ਜਾਣੀ ਬਣਦੀ ਹੈ।

3. ਇਸ ਕੇਸ ਦੇ ਨਿਪਟਾਰੇ ਹਿੱਤ ਸ਼੍ਰੀ ਰਾਜਪਾਲ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਨੂੰ ਹਾਜ਼ਰ ਕਰਾਉਣਾ ਲਾਜ਼ਮੀ ਸੀ। ਇਸ ਲਈ ਸੂਚਨਾ ਦਾ ਅਧਿਕਾਰ ਐਕਟ 2005 ਦੀ ਧਾਰਾ 18 ਤਹਿਤ ਸ਼੍ਰੀ ਰਾਜਪਾਲ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਦੇ ਜਮਾਨਤੀ ਵਾਰੰਟ (Warrant) ਜਾਰੀ ਕਰਦੇ ਹੋਏ ਸੀਨੀਅਰ ਕਪਤਾਨ ਪੁਲਿਸ, ਫਿਰੋਜ਼ਪੁਰ ਨੂੰ ਹਦਾਇਤ ਕੀਤੀ ਗਈ ਸੀ ਕਿ ਸਬੰਧਤ ਅਧਿਕਾਰੀ ਨੂੰ ਮਿਤੀ 08-07-2019 ਨੂੰ ਸਵੇਰੇ 11:30 ਵਜੇ ਨਿਮਨ-ਹਾਸਤਾਖਰਤ ਦੀ ਅਦਾਲਤ ਵਿਖੇ ਪੇਸ਼ ਕੀਤਾ ਜਾਵੇ।

4. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਰਾਜ ਪਾਲ ਸਿੰਘ, ਸਹਾਇਕ ਰਜਿਸਟਰਾਰ ਨੇ ਆਪਣੇ ਪੱਤਰ ਨੰ:ਸਪੈਸ਼ਲ-01, ਮਿਤੀ 08-07-2019 ਰਾਹੀਂ ਕਮਿਸ਼ਨ ਨੂੰ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ,ਜ਼ਿਲ੍ਹਾ ਫਿਰੋਜ਼ਪੁਰ ਨਾਲ ਹੈ ਜਿਸ ਕਰਕੇ ਇਹ ਸੂਚਨਾ ਹਾਜ਼ਰ ਉੱਤਰਦਾਤਾ ਦੇ ਦਫ਼ਤਰ ਵੱਲੋਂ ਅਪੀਲਕਰਤਾ ਨੂੰ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 18-12-2018 ਰਾਹੀਂ ਉਸ ਨੂੰ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਵਾਪਸ ਲਿਆ ਜਾਵੇ ਅਤੇ ਅਪੀਲ ਕੇਸ ਬੰਦ ਕੀਤਾ ਜਾਵੇ।

5. ਪਿਛਲੀ ਪੇਸ਼ੀ, ਮਿਤੀ 03-06-2019 ਤੇ ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਦੀ ਤਰਫੋਂ ਹਾਜ਼ਰ ਸ਼੍ਰੀ ਹਰਜੋਤ ਸਿੰਘ ਬੇਦੀ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 03-06-2019 ਪੇਸ਼ ਕਰਦੇ ਹੋਏ ਕਮਿਸ਼ਨ ਦੇ ਧਿਆਨ ਵਿੱਚ ਪਹਿਲਾਂ ਹੀ ਲਿਆਂਦਾ ਜਾ ਚੁੱਕਾ ਹੈ ਕਿ ਉਨ੍ਹਾਂ ਦੀ ਸੁਸਾਇਟੀ ਇੱਕ ਲੋਕ ਅਥਾਰਟੀ ਨਹੀਂ ਹੈ ਜਿਸ ਕਰਕੇ ਉਹ ਆਰ.ਟੀ.ਆਈ. ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੀ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕੋਈ ਸੂਚਨਾ ਨਹੀਂ ਦੇਣੀ ਬਣਦੀ।

6. ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਦੀ ਤਰਫੋਂ ਸ਼੍ਰੀ ਹਰਜੋਤ ਸਿੰਘ ਬੇਦੀ, ਐਡਵੋਕੇਟ ਵੱਲੋਂ ਪੇਸ਼ੀ, ਮਿਤੀ 03-06-2019 ਨੂੰ ਪੇਸ਼ ਕੀਤੇ ਗਏ ਜਵਾਬ ਅਤੇ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਅੱਜ ਹਾਜ਼ਰ ਸ਼੍ਰੀ ਰਾਜਪਾਲ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਵੱਲੋਂ ਪੇਸ਼ ਕੀਤੇ ਗਏ ਜਵਾਬ, ਮਿਤੀ 08-07-2019 ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਇਆ ਗਿਆ ਹੈ। ਇਸ ਕਰ ਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਕਮਿਸ਼ਨ ਦੇ ਹੁਕਮ, ਮਿਤੀ 18-12-2018 ਰਾਹੀਂ ਸ਼੍ਰੀ ਰਾਜਪਾਲ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਨੂੰ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 08 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲ, (80540-20388)
ਪੁੱਤਰ ਸ਼੍ਰੀ ਬ੍ਰਿਜ ਲਾਲ,
ਵਾਰਡ ਨੰ:16-ਬੀ/190,
ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਭਦੌੜ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ।

ਸ਼੍ਰੀ ਸਿਮਰਨਜੀਤ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਭਦੌੜ। ........ ਉੱਤਰਦਾਤਾ

**ਅਪੀਲ ਕੇਸ ਨੰ:4155 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸਿਮਰਨ ਢੀਂਡਸਾ, ਲੋਕ ਸੂਚਨਾ ਅਧਿਕਾਰੀ, -ਕਮ-ਕਾਰਜ ਸਾਧਕ ਅਫਸਰ ਨਗਰ ਕੌਂਸਿਲ, ਭਦੌੜ (89688-54547)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਭਦੌੜ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਿਰਨ ਸ਼ਰਮਾ ਵਿਧਵਾ ਅਸ਼ੋਕ ਸ਼ਰਮਾ ਵਾਸੀ ਭਦੌੜ, ਹਾਲ ਅਬਾਦ ਧੂਰੀ ਦੀਆਂ ਬਜ਼ਾਰ ਵਿੱਚ ਲਾਲ ਲਕੀਰ ਅੰਦਰ ਬਣੀਆਂ ਚਾਰ ਦੁਕਾਨਾਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 04-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 10-06-2019 ਤੇ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਅਪੀਲਕਰਤਾ ਦੇ ਅਧਿਕਾਰਿਤ ਨੁਮਾਇੰਦੇ ਸ਼੍ਰੀ ਪ੍ਰੇਮ ਕੁਮਾਰ ਰਤਨ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਸ਼੍ਰੀ ਸਿਮਰਨ ਢੀਂਡਸਾ, ਲੋਕ ਸੂਚਨਾ ਅਧਿਕਾਰੀ-ਕਮ-ਕਾਰਜ ਸਾਧਕ ਅਫਸਰ ਨਗਰ ਕੌਂਸਿਲ, ਭਦੌੜ ਨੇ ਕਮਿਸ਼ਨ ਵੱਲੋਂ ਉਨ੍ਹਾਂ ਨੂੰ ਮਿਤੀ 23-04-2019 ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਸਬੰਧੀ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਆਪਣੇ ਹਲਫੀਆ-ਬਿਆਨ ਮਿਤੀ 10-06-2019 ਰਾਹੀਂ ਜਵਾਬ ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਸਬੰਧਤ ਅਧਿਕਾਰੀ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਸੀ ਕਿ ਉਨਾਂ ਵੱਲੋਂ ਮਿਤੀ 08-03-2019 ਨੂੰ ਨਗਰ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**4155/2018

ਕੌਂਸਿਲ, ਭਦੌੜ ਵਿਖੇ ਜੁਆਇੰਨ ਕੀਤਾ ਗਿਆ ਸੀ ਅਤੇ ਇਸ ਤੋਂ ਪਹਿਲਾਂ ਉਹ ਨਗਰ ਕੌਂਸਿਲ, ਹਰਿਆਣਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਤੈਨਾਤ ਸਨ। ਆਰ.ਟੀ.ਆਈ. ਡੀਲਿੰਗ ਕਲਰਕ, ਸ਼੍ਰੀ ਮਲਕੀਤ ਸਿੰਘ ਦੀ ਮਿਤੀ 02-03-2019 ਨੂੰ ਅਚਾਨਕ ਮੌਤ ਹੋ ਜਾਣ ਕਾਰਨ, ਦਫਤਰ ਦੇ ਕਿਸੇ ਕਰਮਚਾਰੀ ਵੱਲੋਂ ਵੀ ਉਨ੍ਹਾਂ ਨੂੰ ਇਸ ਕੇਸ ਬਾਰੇ ਨਹੀਂ ਦੱਸਿਆ ਗਿਆ ਸੀ। ਮਿਤੀ 10-03-2019 ਨੂੰ ਲੋਕ ਸਭਾ ਕਾਰਨ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ ਅਤੇ ਉਨ੍ਹਾਂ ਦੀ ਡਿਊਟੀ ਚੋਣਾਂ ਵਿੱਚ ਲੱਗ ਗਈ ਸੀ।ਇਸ ਤਰ੍ਹਾਂ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਸੀ ਕਿ ਅਪੀਲਕਰਤਾ ਨੂੰ ਰਜਿਸਟਰਡ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਭਰੋਸਾ ਦਿੱਤਾ ਗਿਆ ਸੀ ਕਿ ਭਵਿੱਖ ਵਿੱਚ ਆਰ.ਟੀ.ਆਈ. ਐਕਟ ਤਹਿਤ ਸੂਚਨਾ ਮੁਹੱਈਆ ਕਰਾਉਣ ਵਿੱਚ ਕੋਈ ਦੇਰੀ ਨਹੀਂ ਕੀਤੀ ਜਾਵੇਗੀ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕਾਰਨ ਦੱਸੋ ਨੋਟਿਸ ਵਾਪਸ ਲੈਣ ਲਈ ਬੇਨਤੀ ਕੀਤੀ ਗਈ ਸੀ।ਇਸ ਲਈ ਉੱਤਰਦਾਤਾ, ਸ਼੍ਰੀ ਸਿਮਰਨ ਢੀਂਡਸਾ, ਲੋਕ ਸੂਚਨਾ ਅਧਿਕਾਰੀ-ਕਮ-ਕਾਰਜ ਸਾਧਕ ਅਫਸਰ ਨਗਰ ਕੌਂਸਿਲ, ਭਦੌੜ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਤਸੱਲੀਬਖਸ਼ ਪਾਉਂਦੇ ਹੋਏ ਉਨ੍ਹਾਂ ਨੂੰ ਕਮਿਸ਼ਨ ਦੇ ਹੁਕਮ, ਮਿਤੀ 23-04-2019 ਰਾਹੀਂ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਖਾਰਜ ਕਰ ਦਿੱਤਾ ਗਿਆ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਿਮਰਨ ਢੀਂਡਸਾ, ਲੋਕ ਸੂਚਨਾ ਅਧਿਕਾਰੀ, -ਕਮ-ਕਾਰਜ ਸਾਧਕ ਅਫਸਰ ਨਗਰ ਕੌਂਸਿਲ, ਭਦੌੜ ਨੇ ਆਪਣੇ ਪੱਤਰ, ਮਿਤੀ 08-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਨੂੰ ਮਿਤੀ 06-06-2019 ਨੂੰ ਰਜਿਸਟਰਡ ਡਾਕ ਦੁਆਰਾ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਅੱਜ ਮਿਤੀ 08-07-2019 ਤੱਕ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰ ਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 08 **ਜੁਲਾਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਜੀਤ ਸਿੰਘ,
ਪੁੱਤਰ ਸ਼੍ਰੀ ਯਾਦਵਿੰਦਰ ਸਿੰਘ,
ਵਾਸੀ ਪਿੰਡ ਬਹਿਬਲ ਕਲਾਂ, ਤਹਿਸੀਲ ਜੈਤੋ,
ਜ਼ਿਲ੍ਹਾ ਫਰੀਦਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ,
ਜ਼ਿਲ੍ਹਾ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜ਼ਿਲ੍ਹਾ ਫਰੀਦਕੋਟ। ------ਉੱਤਰਦਾਤਾ

**ਅਪੀਲ ਕੇਸ ਨੰ:2221/2018**

**ਹਾਜ਼ਰ:-**

1) ਸ਼੍ਰੀ ਗੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 10-06-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਲਈ ਬਣਦੀ ਫੀਸ ਉੱਤਰਦਾਤਾ ਕੋਲ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਮੁਹੱਈਆ ਕਿਉਂ ਨਹੀਂ ਕਰ9ਵਾਈ ਗਈ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਬਲਾਕ ਜੈਤੋ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਜੀਤ ਸਿੰਘ,
ਪੁੱਤਰ ਸ਼੍ਰੀ ਯਾਦਵਿੰਦਰ ਸਿੰਘ,
ਵਾਸੀ ਪਿੰਡ ਬਹਿਬਲ ਕਲਾਂ, ਤਹਿਸੀਲ ਜੈਤੋ,
ਜ਼ਿਲ੍ਹਾ ਫਰੀਦਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਜੈਤੋ,
ਜ਼ਿਲ੍ਹਾ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜ਼ਿਲ੍ਹਾ ਫਰੀਦਕੋਟ। ------ਉੱਤਰਦਾਤਾ

**ਅਪੀਲ ਕੇਸ ਨੰ:2222/2018**

**ਹਾਜ਼ਰ:-**

1) ਸ਼੍ਰੀ ਗੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 10-06-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਲਈ ਬਣਦੀ ਫੀਸ ਉੱਤਰਦਾਤਾ ਕੋਲ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਮੁਹੱਈਆ ਕਿਉਂ ਨਹੀਂ ਕਰ9ਵਾਈ ਗਈ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਬਲਾਕ ਜੈਤੋ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, (94179-29931)
ਪੁੱਤਰ ਸ਼੍ਰੀਅਮਰ ਚੰਦ ਜੱਗਾ,
531/3, ਸ਼ਹੀਦ ਊਧਮ ਸਿੰਘ ਨਗਰ,
ਮਲੋਟ ਮੰਡੀ-152107,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1215 ਆਫ਼ 2018**

**ਹਾਜ਼ਰ:-** 1) ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ (ਨਰੇਗਾ) (92562-00086) ਅਤੇ ਸ਼੍ਰੀ ਗਗਨਦੀਪ ਸਿੰਘ, ਗਰਾਮ ਰੋਜ਼ਗਾਰ ਸੇਵਕ (ਨਰੇਗਾ) ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਮਲੋਟ, ਸ੍ਰੀ ਮੁਕਤਸਰ ਸਾਹਿਬ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 28-07-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਪੰਚਾਇਤ ਅਫਸਰ, ਮਲੋਟ, ਸ੍ਰੀ ਮੁਕਤਸਰ ਸਾਹਿਬ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਬਲਾਕ ਮਲੋਟ ਦੇ ਪਿੰਡਾਂ ਦੀ 01-04-2016 ਤੋਂ 30-06-2018 ਤੱਕ ਕਰਵਾਏ ਗਏ ਨਰੇਗ ਕੰਮਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਗਈ ਸੀ। ਉਸ ਉਪਰੰਤ ਉਸ ਨੇ ਮਿਤੀ 22-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ (ਨਰੇਗਾ) ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚੋਂ 28 ਪਿੰਡਾਂ ਨਾਲ ਸਬੰਧਤ ਸੂਚਨਾ ਪਹਿਲਾਂ ਹੀ ਭੇਜੀ ਦਿੱਤੀ ਗਈ ਸੀ ਅਤੇ ਬਾਕੀ ਰਹਿੰਦੀ ਸੂਚਨਾ ਵੀ ਮੁਹੱਈਆ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਕਮਿਸ਼ਨ ਦੇ ਹੁਕਮ, ਮਿਤੀ 10-06-2019 ਅਨੁਸਾਰ ਮੁਆਵਜ਼ੇ ਵਜੋਂ 5000/-ਰੁਪਏ ਦੀ ਨਕਦ ਅਦਾਇਗੀ ਵੀ ਕਰ ਦਿੱਤੀ ਗਈ ਹੈ। ਸ਼ਿਕਾਇਤਕਰਤਾ ਨੇ ਆਪਣੇ ਲਿਖਤੀ ਬਿਆਨ, ਮਿਤੀ 08-07-2019 ਰਾਹੀਂ ਮੰਨਿਆ ਹੈ ਕਿ ਉਸ ਨੂੰ ਬਾਕੀ ਰਹਿੰਦੀ ਸੂਚਨਾ ਅਤੇ ਮੁਆਵਜ਼ੇ ਵਜੋਂ 5000/-ਰੁਪਏ ਦੀ ਨਕਦ ਰਾਸ਼ੀ ਵੀ ਪ੍ਰਾਪਤ ਹੋ ਗਈ ਹੈ। ਇਸ ਲਈ ਉਸ ਨੇ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਹੈ।ਸ਼ਿਕਾਇਤਕਰਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

3. ਸ਼ਿਕਾਇਤਕਰਤਾ ਨੂੰ ਮੁਕੰਮਲ ਸੂਚਨਾ ਅਤੇ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਨਕਦ ਰਾਸ਼ੀ ਵੀ ਪ੍ਰਾਪਤ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ ਪਰੰਤੂ ਪੇਸ਼ੀ ਤੇ ਹਾਜ਼ਰ ਸ਼੍ਰੀ ਗਗਨਦੀਪ ਸਿੰਘ, ਗਰਾਮ ਰੋਜ਼ਗਾਰ ਸੇਵਕ (ਨਰੇਗਾ) ਨੇ ਆਪਣੇ ਕੋਲੋਂ ਨਿੱਜੀ ਤੌਰ ਤੇ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਨਕਦ ਅਦਾਇਗੀ ਕੀਤੀ ਹੈ, ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮਹਿਕਮੇ ਦੇ ਫੰਡ ਵਿੱਚੋਂ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼੍ਰੀ ਗਗਨਦੀਪ ਸਿੰਘ,

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:1215 ਆਫ਼ 2018**

ਗਰਾਮ ਰੋਜ਼ਗਾਰ ਸੇਵਕ (ਨਰੇਗਾ) ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 08 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰਜਨ ਸਿੰਘ,
ਪੁੱਤਰ ਸ਼੍ਰੀ ਚੰਨਣ ਸਿੰਘ,
ਵਾਸੀ ਧਾਲੀਵਾਲ ਪੱਤੀ, ਪਿੰਡ ਛਾਜਲੀ,
ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਸੁਨਾਮ,
ਜ਼ਿਲ੍ਹਾ ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:269/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 18-06-2019 ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਜਿੰਦਰ ਸਿੰਘ, (88925-00001)
ਪੁੱਤਰ ਸ਼੍ਰੀ ਪ੍ਰਦੁਮਣ ਸਿੰਘ
ਧਰੌਰ, ਸਾਹਨੇਵਾਲ, ਲੁਧਿਆਣਾ ( ਪੂਰਬੀ)। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਮਾਲ ਸਕੇਲ
ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ,
ਲਿਮਿਟਡ ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤਕੇਸ ਨੰ:313/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀਮਤੀ ਸੁਖਜਿੰਦਰ ਕੌਰ, ਸੀਨੀਅਰ ਸਹਾਇਕ (94644-91993)ਉਦਯੋਗ ਅਤੇ ਕਮਰਸ ਵਿਭਾਗ ਅਤੇ ਸ਼੍ਰੀ ਜਸਵੰਤ ਸਿੰਘ, ਲੋਕ ਸੂਚਨਾ ਅਧਿਕਾਰੀ (98726-15390) ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਿਟਡ ਚੰਡੀਗੜ੍ਹ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-01-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਿਟਡ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ:6003 ਆਫ਼ 1995-ਇੰਟਰਨੈਸ਼ਨਲ ਸਾਈਕਲਜ ਅਤੇ ਸਟ੍ਰਿਪਸ ਲਿਮਟਿਡ ਬਨਾਮ ਪੰਜਾਬ ਸਰਕਾਰ-ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 17-04-1998 ਦੀ ਪਾਲਣਾ ਦੇ ਸਟੇਟਸ ਨਾਲ ਸਬੰਧਤ 26 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਉਦਯੋਗ ਅਤੇ ਕਮਰਸ ਵਿਭਾਗ ਨਾਲ ਹੋਣ ਕਾਰਨ, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਿਟਡ ਚੰਡੀਗੜ੍ਹ ਵੱਲੋਂ ਆਪਣੇ ਪੱਤਰ ਨੰ:ਪਲਉਨਿਨਿ/ਏ.ਪੀ.ਆਈ.ਓ./ਆਰ.ਟੀ.ਆਈ.-19/27160-61, ਮਿਤੀ 05-02-2019 ਰਾਹੀਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਉਦਯੋਗ ਅਤੇ ਕਮਰਸ ਵਿਭਾਗ ਨੂੰ ਆਰ.ਟੀ.ਆਈ. ਐਕਟ ਦੀ ਧਾਰਾ 6(3) ਅਧੀਨ ਤਬਦੀਲ ਕਰ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 18-06-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਸੁਮਨ ਬਾਲਾ, ਸੁਪਰਡੰਟ, ਇੰਡਸਟਰੀਜ਼ ਵਿਭਾਗ ਨੇ ਪੱਤਰ ਨੰ:1/2574/2019/ਆਰ.ਟੀ.ਆਈ. ਐਕਟ-05/ਸ-2/3539-ਏ, ਮਿਤੀ 02-04-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਸੀ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਸ਼ਿਕਾਇਤਕਰਤਾ ਨੂੰ ਮੰਗੀ ਗਈ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਸੁਖਜਿੰਦਰ ਕੌਰ, ਸੀਨੀਅਰ ਸਹਾਇਕ ਉਦਯੋਗ ਅਤੇ ਕਮਰਸ ਨੇ ਕਮਿਸ਼ਨ ਨੂੰ ਦੱਸਿਆ ਹੈ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਬਾਰੇ ਉਸ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ

ਪਰਤੋ ਜੀ----ਚਲਦਾ ਪੰਨ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤਕੇਸ ਨੰ:313/2019

ਤਰੁੱਟੀ ਬਾਰੇ ਉੱਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ। ਸ਼ਿਕਾਇਤਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਸ਼ਿਕਾਇਤਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਉਦਯੋਗ ਅਤੇ ਕਮਰਸ ਵਿਭਾਗ,
(ਆਰ.ਟੀ.ਆਈ. ਸੈੱਲ), ਉਦਯੋਗ ਭਵਨ,
ਸੈਕਟਰ-17, ਚੰਡੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੁਲੀਆ ਰਾਮ, (ਮੋਬ: 96460-60863)
ਪੁੱਤਰ ਸ਼੍ਰੀ ਮੁੰਨਾ ਰਾਮ, ਦਸਮੇਸ਼ ਕਲੌਨੀ,
ਨੇੜੇ ਸ਼ਿਸ਼ੂ ਭਾਰਤੀ ਸਕੂਲ, ਗਲੀ ਨੰ:3,
ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸੁਨਾਮ।
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਪਟਿਆਲਾ।

ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:955/2019**

**ਹਾਜ਼ਰ:-**

1) ਸ਼੍ਰੀ ਦੁਲੀਆ ਰਾਮ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ (97802-00721)।

**ਹਕਮ:**

ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਦੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ ਨੇ ਪੱਤਰ ਨੰ:498, ਮਿਤੀ 05-07-2019 ਅਤੇ ਹਲਫੀਆ- ਬਿਆਨ, ਮਿਤੀ 08-07-2019 ਰਾਹੀਂ ਕਮਿਸ਼ਨ ਦੇ ਹੁਕਮ, ਮਿਤੀ 18-06-2019 ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਬਾਰੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਨੇ ਪੱਤਰ ਨੰ:2339, ਮਿਤੀ 27-07-2018 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਇਹ ਵੀ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਹੋਈ ਹੈ। ਇਸ ਪੱਤਰ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 30-07-2018 ਨੂੰ ਆਪਣੇ ਹਸਤਾਖਰਾਂ ਹੇਠ ਸੂਚਨਾ ਪ੍ਰਾਪਤ ਕੀਤੀ ਹੋਈ ਹੈ। ਇਸ ਕਰ ਕੇ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 31-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ:** ਚੰਡੀਗੜ੍ਹ, 08 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲਵਨ ਸਿੰਗਲਾ, (98780-02371)
ਪੁੱਤਰ ਸ਼੍ਰੀ ਸੁਰੇਸ਼ ਸਿੰਗਲਾ
ਵਾਰਡ ਨੰ 20 ਮਕਾਨ ਨੰ:183,
ਪਿਆਰਾ ਲਾਲ ਠੇਕੇਦਾਰ ਗਲੀ ,
ਨੇੜੇ ਪੋਸਟ ਆਫਿਸ ਮਾਨਸਾ-151505. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਬਠਿੰਡਾ ਰੇਂਜ, ਬਠਿੰਡਾ। -------ਉੱਤਰਦਾਤਾ

**ਅਪੀਲ ਕੇਸ ਨੰ: 2159/2019**

**ਹਾਜ਼ਰ:-**

1) ਸ਼੍ਰੀ ਲਵਨ ਸਿੰਗਲਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. (94171-34212)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-06-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਸਿਟੀ ਮਾਨਸਾ ਵਿਖੇ ਧਾਰਾ 307,341,323, 148,149 ਅਧੀਨ ਦਰਜ ਐਫ.ਆਈ.ਆਰ. ਨੰ:34, ਮਿਤੀ 06-02-08-ਸਰਕਾਰ ਬਨਾਮ ਕੇਵਲ ਕ੍ਰਿਸ਼ਨ ਗੋਇਲ, ਪੱਤਰਕਾਰ ਆਦਿ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. ਨੇ ਪੱਤਰ ਨੰ:23/ਆਰ.ਟੀ.ਆਈ., ਮਿਤੀ 06-07-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਸੂਚਨਾ ਸਬੰਧੀ ਵਿਸਥਾਰ-ਪੂਰਵਕ ਵੇਰਵਾ ਦਿੰਦੇ ਹੋਏ ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਮਿਤੀ 13-06-2019 ਨੂੰ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**